VIGILANCE BUREAU PUNJAB

**Vigilance nabs Kanugo for taking bribe**

Chandigarh, November 14: State Vigilance Bureau today nabbed Kanugo red handed for accepting bribe of Rs. 5,000.

Disclosing this here an official spokesperson of the Vigilance Bureau said Kanugo Avtar Singh posted at Sunam, Sangrur district was nabbed red handed while accepting bribe of Rs. 5,000 from complainant Soni Singh of village Mahilan in Sangrur district.

The complainant has approached the VB and alleged that the above said accused has been demanding Rs.10,000 to prepare demarcation report of his land. He further said that he had already paid Rs. 5,000 as a first installment to the accused Kanugo.

After verifying his information, the Vigilance team laid a trap and the accused Kanugo was arrested on the spot accepting bribe of Rs. 5,000 of second installment from the complainant in the presence of two official witnesses.

He informed that a case under Prevention of Corruption Act has been registered against the accused at VB police station Patiala and further investigation was under progress.

## ਵਿਜੀਲੈਂਸ ਬਿਊਰੋ ਪੰਜਾਬ

## ਵਿਜੀਲੈਂਸ ਨੇ 5,000 ਰੁਪਏ ਰਿਸ਼ਵਤ ਲੈਂਦਾ ਕਾਨੂੰਗੋ ਕੀਤਾ ਕਾਬੂ

ਚੰਡੀਗੜ੍ਹ, 14 ਨਵੰਬਰ:

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸੁਨਾਮ ਜਿਲਾ ਸੰਗਰੂਰ ਵਿਖੇ ਤਾਇਨਾਤ ਕਾਨੂੰਗੋ ਅਵਤਾਰ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਕਾਨੂੰਗੋ ਅਵਤਾਰ ਸਿੰਘ ਨੂੰ ਸ਼ਿਕਾਇਤ ਕਰਤਾ ਸੋਨੀ ਸਿੰਘ ਵਾਸੀ ਪਿੰਡ ਮਹਿਲ੍ਹਾਂ ਜ਼ਿਲ੍ਹਾ ਸੰਗਰੂਰ ਦੀ ਸ਼ਿਕਾਇਤ ’ਤੇ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਸ਼ਿਕਾਇਤ ਕਰਤਾ ਨੇ ਵਿਜੀਲੈਂਸ ਨੂੰ ਆਪਣੀ ਸ਼ਿਕਾਇਤ ਵਿਚ ਦੋਸ਼ ਲਾਇਆ ਕਿ ਉਕਤ ਕਾਨੂੰਗੋ ਵਲੋਂ ਉਸ ਦੀ ਜਮੀਨ ਦੀ ਹੱਦਬੰਦੀ ਰਿਪੋਰਟ ਤਿਆਰ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਵਲੋਂ ਪਹਿਲਾਂ ਹੀ ਉਕਤ ਕਾਨੂੰਗੋ ਨੂੰ 5,000 ਰੁਪਏ ਪਹਿਲੀ ਕਿਸ਼ਤ ਵਜੋਂ ਦਿੱਤੇ ਜਾ ਚੁੱਕੇ ਹਨ। ਸ਼ਿਕਾਇਤ ਕਰਤਾ ਦੀ ਜਾਣਕਾਰੀ ਨੂੰ ਪੜਚੋਲਣ ਤੋਂ ਬਾਅਦ ਵਿਜੀਲੈਂਸ ਨੇ ਦੋ ਗਵਾਹਾਂ ਦੀ ਹਾਜ਼ਰੀ ਵਿੱਚ ਦੂਜੀ ਕਿਸ਼ਤ ਦੇ 5,000 ਰੁਪਏ ਰਿਸ਼ਵਤ ਲੈਂਦੇ ਹੋਏ ਉਕਤ ਦੋਸ਼ੀ ਕਾਨੂੰਗੋ ਨੂੰ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ ਗਿਆ।

ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।